



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਬਾਹਰ ਪਹਿਰੇਦਾਰੀ ਦੀ ਸੇਵਾ ਕਰਦੇ ਹੋਏ, ਕੀਰਤਨ ਸੁਣਦੇ ਹੋਏ ਅਤੇ ਲੰਗਰ ਹਾਲ 'ਚ ਜੂਠੇ ਬਰਤਨਾਂ ਦੀ ਸੇਵਾ ਕਰਦੇ ਹੋਏ ਸਾਬਕਾ ਰਾਜ ਸਭਾ ਮੈਂਬਰ ਢੀਂਡਸਾ ਤੇ ਹੋਰ।

# ਸਾਬਕਾ ਰਾਜ ਸਭਾ ਮੈਂਬਰ ਢੀਂਡਸਾ ਵਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ਼ੁਰੂ ਕੀਤੀ ਦੋ ਰੋਜ਼ਾ ਸੇਵਾ ਹੋਈ ਸਮਾਪਤ

## ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਲਗਾਈ ਸੇਵਾ ਤੋਂ ਬਾਅਦ ਅਕਾਲੀ ਦਲ ਨੂੰ ਚੜ੍ਹਦੀ ਕਲਾ ਵਿਚ ਕਰਕੇ ਸਰਗਰਮ ਸਿਆਸਤ ਤੋਂ ਕਿਨਾਰਾ ਕਰਨ ਦਾ ਕੀਤਾ ਐਲਾਨ

ਸ੍ਰੀ ਅਨੰਦਪੁਰ ਸਾਹਿਬ, 8 ਦਸੰਬਰ (ਜੇ ਐਸ ਨਿੱਕੂਵਾਲ, ਕਰਨੈਲ ਸਿੰਘ ਸੈਣੀ)-ਬਜ਼ੁਰਗ ਅਕਾਲੀ ਆਗੂ ਅਤੇ ਸਾਬਕਾ ਮੈਂਬਰ ਰਾਜ ਸਭਾ ਸੁਖਦੇਵ ਸਿੰਘ ਢੀਂਡਸਾ ਵਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਨੁਸਾਰ ਸ਼ੁਰੂ ਕੀਤੀ ਗਈ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਦੋ ਰੋਜ਼ਾ ਸੇਵਾ ਸਮਾਪਤ ਹੋ ਗਈ। ਸਾਰਿਆਂ ਤੋਂ ਪਹਿਲਾਂ ਉਨ੍ਹਾਂ ਸਵੇਰੇ ਨੀਲਾ ਚੋਲ੍ਹਾ ਪਾ ਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਬਾਹਰ ਪਹਿਰੇਦਾਰੀ ਦੀ ਸੇਵਾ ਕੀਤੀ। ਉਪਰੰਤ ਇੱਕ ਘੰਟਾ ਕੀਰਤਨ ਸਰਵਣ ਕੀਤਾ ਅਤੇ ਫਿਰ ਅੰਤ ਵਿਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਲੰਗਰ ਹਾਲ ਵਿਖੇ ਸੰਗਤਾਂ ਦੇ ਜੂਠੇ ਬਰਤਨ ਧੋਣ ਦੀ ਸੇਵਾ ਕੀਤੀ ਗਈ। ਸੇਵਾ ਦੀ ਸਮਾਪਤੀ ਤੋਂ ਬਾਅਦ ਢੀਂਡਸਾ ਨੇ ਕਿਹਾ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਬਣਾਈ ਗਈ ਸੱਤ ਮੈਂਬਰੀ ਕਮੇਟੀ ਵਲੋਂ ਕੀਤੀ ਜਾਣ ਵਾਲੀ ਭਰਤੀ ਤੋਂ ਬਾਅਦ ਚੁਣੇ ਗਏ ਪ੍ਰਧਾਨ ਨੂੰ ਪ੍ਰਵਾਨ ਕਰਨਗੇ। ਇੱਕ ਸਵਾਲ ਦੇ ਜਵਾਬ ਵਿਚ ਉਨ੍ਹਾਂ ਕਿਹਾ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਲਗਾਈ ਗਈ ਸੇਵਾ ਤੋਂ ਬਾਅਦ ਅਕਾਲੀ ਦਲ ਨੂੰ ਚੜ੍ਹਦੀ ਕਲਾ ਵਿਚ ਕਰਕੇ ਸਰਗਰਮ ਸਿਆਸਤ ਤੋਂ ਕਿਨਾਰਾ ਕਰ ਦੇਣਗੇ। ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਵਲੋਂ ਸੁਖਬੀਰ ਸਿੰਘ ਬਾਦਲ ਤੇ ਹਮਲਾ ਕਰਨ ਵਾਲੇ ਨਰਾਇਣ ਸਿੰਘ ਚੌੜਾ ਨੂੰ ਸਨਮਾਨਿਤ ਕੀਤੇ ਜਾਣ ਵਾਲੇ ਬਿਆਨ ਦਾ ਜਵਾਬ ਦਿੰਦਿਆਂ ਢੀਂਡਸਾ ਨੇ ਕਿਹਾ ਕਿ ਬਿੱਟੂ ਬਚ ਕਾਨੀਆਂ ਗੱਲਾਂ ਕਰਨ ਦਾ ਆਦੀ ਹੈ। ਕਿਉਂਕਿ ਕਦੇ ਇਹ ਕਿਸਾਨਾਂ ਦੇ ਖ਼ਿਲਾਫ਼ ਬਿਆਨ ਦਿੰਦਾ ਹੈ ਅਤੇ ਬੀਤੇ ਕਈ ਸਾਲਾਂ ਤੋਂ ਜੇਲ੍ਹਾਂ ਅੰਦਰ ਬੰਦ ਅਤੇ ਆਪਣੀਆਂ ਸਜ਼ਾਵਾਂ ਭੁਗਤ ਚੁੱਕੇ ਬੰਦੀ ਸਿੰਘਾਂ ਦੇ ਖ਼ਿਲਾਫ਼ ਬੋਲਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਬੰਦੇ ਦੀਆਂ ਗੱਲਾਂ ਨਾ ਹੀ ਕਰੋ ਤਾਂ ਚੰਗਾ ਹੈ। ਉਨ੍ਹਾਂ ਅੱਗੇ ਕਿਹਾ ਕਿ ਭਾਜਪਾ ਨੇ ਕਿਸਾਨੀ ਮਸਲਿਆਂ ਨੂੰ ਹੱਲ ਕਰਨ ਵਿਚ ਕੋਈ ਤਵੱਜੋ ਨਹੀਂ ਦਿੱਤੀ। ਇਸ ਕਰਕੇ ਉਨ੍ਹਾ ਭਾਜਪਾ ਨੂੰ ਛੱਡ ਦਿੱਤਾ ਹੈ ਤੇ ਭਾਜਪਾ ਨੂੰ ਵੀ ਕਿਸਾਨਾ ਬਾਰੇ ਸੋਚਣਾ ਚਾਹੀਦਾ ਹੈ। ਇਸ ਮੌਕੇ ਮਨਜਿੰਦਰ ਸਿੰਘ ਬਰਾੜ, ਭੁਪਿੰਦਰ ਸਿੰਘ ਬਜਰੂੜ, ਹਰਬੰਸ ਸਿੰਘ ਮੰਝਪੁਰ, ਸਤਵਿੰਦਰਪਾਲ ਸਿੰਘ, ਉੱਜਲ ਸਿੰਘ ਲੌਂਗੀਆ, ਕੰਵਲਜੀਤ ਸਿੰਘ ਲੌਂਗੀਆ, ਕੁਲਵੰਤ ਸਿੰਘ, ਲਖਵੀਰ ਸਿੰਘ, ਹਰਪਾਲ ਸਿੰਘ ਪੱਤੜਾਂ, ਸੁਰਜੀਤ ਸਿੰਘ ਚੈਹੜ ਮਜਾਰਾ, ਤੁਫੈਲ ਮੁਹੰਮਦ, ਹਰਦੀਪ ਸਿੰਘ, ਸੁਰਿੰਦਰ ਸਿੰਘ ਘੱਟੀਵਾਲ ਸਮੇਤ ਵੱਡੀ ਗਿਣਤੀ ਵਿਚ ਅਕਾਲੀ ਵਰਕਰ ਹਾਜ਼ਰ ਸਨ।

# ਨੂਰਪੁਰ ਬੇਦੀ-ਬੁੰਗਾ ਸਾਹਿਬ ਮਾਰਗ ਦੇ ਕਿਨਾਰਿਆਂ 'ਤੇ ਘਾਹ ਬੂਟੀ ਉੱਗਣ ਨਾਲ ਹਾਦਸਿਆਂ ਦਾ ਖ਼ਤਰਾ ਵਧਿਆ

## ਸੜਕਾਂ ਦੀਆਂ ਬਰਮਾਂ ਸਾਫ਼ ਕਰਵਾਉਣ ਦੀ ਮੰਗ

ਨੂਰਪੁਰ ਬੇਦੀ, 8 ਦਸੰਬਰ (ਰਾਜੇਸ਼ ਚੌਧਰੀ ਤਖਤਗੜ੍ਹ)-ਨੂਰਪੁਰਬੇਦੀ-ਬੂੰਗਾ ਸਾਹਿਬ ਮੁੱਖ ਮਾਰਗ ਦੇ ਦੋਵੇਂ ਕਿਨਾਰਿਆਂ 'ਤੇ ਭਾਰੀ ਮਾਤਰਾ 'ਚ ਘਾਹ ਬੂਟੀ ਉੱਗਣ ਕਾਰਨ ਉਕਤ ਮਾਰਗ 'ਤੇ ਹਾਦਸੇ ਹੋਣ ਦਾ ਖ਼ਤਰਾ ਵਧ ਗਿਆ ਹੈ। ਦੱਸਣਯੋਗ ਹੈ ਕਿ ਉਕਤ ਮਾਰਗ ਤੋਂ ਜਿੱਥੇ ਰੋਜ਼ਾਨਾ ਰੂਪਨਗਰ, ਕੀਰਤਪੁਰ ਸਾਹਿਬ ਅਤੇ ਹਿਮਾਚਲ ਪ੍ਰਦੇਸ਼ ਦੇ ਉਦਯੋਗਿਕ ਖੇਤਰ ਬੱਦੀ ਅਤੇ ਨਾਲਾਗੜ੍ਹ ਨੂੰ ਨੌਕਰੀ ਪੇਸ਼ਾ ਵਾਲੇ ਲੋਕਾਂ ਸਹਿਤ ਭਾਰੀ ਆਵਾਜਾਈ ਲੰਘਦੀ ਹੈ, ਉੱਥੇ ਹੀ ਹੋਲਾ-ਮਹੱਲਾ ਦੇ ਦਿਨਾਂ 'ਚ ਸ੍ਰੀ ਅਨੰਦਪੁਰ ਸਾਹਿਬ ਤੇ ਕੀਰਤਪੁਰ ਸਾਹਿਬ ਵਿਖੇ ਸੰਗਤਾਂ ਦੀ ਭਾਰੀ ਆਮਦ ਹੋਣ ਕਾਰਨ ਹਿਮਾਚਲ ਪ੍ਰਦੇਸ਼ ਦੇ ਊਨਾ ਅਤੇ ਹੋਰਨਾਂ ਵੱਖ-ਵੱਖ ਸਥਾਨਾਂ ਤੋਂ ਆਉਣ-ਜਾਣ ਵਾਲੇ ਵਾਹਨਾਂ ਲਈ ਇਹੋ ਇਕਮਾਤਰ ਬਦਲਵਾਂ ਰੂਟ ਹੈ। ਭਾਵੇਂ ਹੋਲੇ-ਮੁਹੱਲੇ ਮੌਕੇ ਹੀ ਇਸ ਸੜਕ ਦੀ ਤਰਫ਼ ਸਬੰਧਿਤ ਵਿਭਾਗ ਵਲੋਂ ਧਿਆਨ ਦਿੱਤਾ ਜਾਂਦਾ ਹੈ। ਜਦਕਿ ਆਮ ਦਿਨਾਂ 'ਚ ਇਸ ਮਾਰਗ ਦੀ ਅਣਦੇਖੀ ਕੀਤੇ ਜਾਣ ਦਾ ਨਤੀਜਾ ਇਹ ਹੈ ਕਿ ਹੁਣ ਸੜਕ ਦੇ ਦੋਵੇਂ ਕਿਨਾਰਿਆਂ 'ਤੇ ਭਾਰੀ ਮਾਤਰਾ 'ਚ ਘਾਹ ਬੂਟੀ ਉੱਗ ਜਾਣ ਕਾਰਨ ਜਿੱਥੇ ਸੜਕ ਤੰਗ ਹੋ ਗਈ ਹੈ ਉੱਥੇ ਵਾਹਨਾਂ ਨੂੰ ਕਰਾਸ ਕਰਨਾ ਨਾਮੁਮਕਨ ਹੋ ਗਿਆ ਹੈ। ਇਸਦੇ ਚੱਲਦਿਆਂ ਰੋਜ਼ਾਨਾ ਇਸ ਮਾਰਗ 'ਤੇ ਹਾਦਸਿਆਂ 'ਚ ਇਜ਼ਾਫਾ ਹੋ ਰਿਹਾ ਹੈ। ਉਕਤ ਮਾਰਗ 'ਤੇ ਸਥਿਤ ਪਿੰਡਾਂ ਦੇ ਲੋਕਾਂ ਦਾ ਕਹਿਣਾ ਹੈ ਕਿ ਕੁੰਭਕਰਨੀ ਨੀਂਦ ਸੁੱਤੇ ਵਿਭਾਗ ਨੂੰ ਸ਼ਾਇਦ ਕਿਸੀ ਵੱਡੇ ਹਾਦਸੇ ਦਾ ਇੰਤਜ਼ਾਰ ਹੈ। ਜ਼ਿਕਰਯੋਗ ਹੈ ਕਿ ਜ਼ਿਲ੍ਹਾ ਮੈਜਿਸਟਰੇਟ ਰੂਪਨਗਰ ਵਲੋਂ ਇਸ ਮਾਰਗ 'ਤੇ ਭਾਰੀ ਵਾਹਨਾਂ ਦੇ ਲੰਘਣ 'ਤੇ ਪੂਰਨ ਰੂਪ 'ਚ ਪਾਬੰਦੀ ਦੇ ਆਦੇਸ਼ ਜਾਰੀ ਕੀਤੇ ਹੋਏ ਹਨ। ਮਗਰ ਇਸਦੇ ਬਾਵਜੂਦ ਰਾਤ ਅਤੇ ਸਵੇਰ ਸਮੇਂ ਉਕਤ ਵਾਹਨਾਂ ਦਾ ਇਸ ਮਾਰਗ ਤੋਂ ਲੰਘਣਾ ਬੇਦਸਤੂਰ ਜਾਰੀ ਹੈ।ਇਸ ਸਬੰਧੀ ਕਿਰਤੀ ਕਿਸਾਨ ਮੋਰਚਾ ਦੇ ਪ੍ਰਧਾਨ ਵੀਰ ਸਿੰਘ ਬੜਵਾ ਨੇ ਕਿਹਾ ਕਿ ਵਿਭਾਗ ਦੀ ਅਣਗਹਿਲੀ ਕਾਰਨ ਉਕਤ ਮਾਰਗ 'ਤੇ ਹਾਦਸਿਆਂ 'ਚ ਇਜ਼ਾਫਾ ਹੋ ਰਿਹਾ ਹੈ। ਉਨ੍ਹਾਂ ਲੋਕ ਨਿਰਮਾਣ ਵਿਭਾਗ ਨੂੰ 2 ਹਫ਼ਤਿਆਂ ਦਾ ਅਲਟੀਮੇਟਮ ਦਿੰਦਿਆਂ ਆਖਿਆ ਕਿ ਇਸ ਦੌਰਾਨ ਅਗਰ ਸੜਕ ਦੇ ਬਰਮਾਂ ਦੀ ਸਫ਼ਾਈ ਨਾ ਕਰਵਾਈ ਗਈ ਤਾਂ ਉਹ ਮੁੱਖ ਮਾਰਗ 'ਤੇ ਚੱਕਾ ਜਾਮ ਕਰਨ ਲਈ ਮਜਬੂਰ ਹੋਣਗੇ।



ਨੂਰਪੁਰਬੇਦੀ-ਬੁੰਗਾ ਸਾਹਿਬ ਮਾਰਗ ਦੀਆਂ ਸਾਈਡਾਂ ਤੇ ਉੱਘੇ ਨੜੇ ਅਤੇ ਹੋਰ ਘਾਹ ਬੂਟੀ। *ਤਸਵੀਰ-ਰਾਜੇਸ਼ ਚੌਧਰੀ ਤਖਤਗੜ੍ਹ*

# ਸੈਣੀ ਭਵਨ ਰੂਪਨਗਰ 'ਚ 23ਵਾਂ ਖ਼ੂਨਦਾਨ ਕੈਂਪ 5 ਜਨਵਰੀ ਨੂੰ

ਰੂਪਨਗਰ, 8 ਦਸੰਬਰ (ਸਤਨਾਮ ਸਿੰਘ ਸੱਤੀ)-ਸਮਾਜ ਸੇਵੀ ਸੰਸਥਾ ਸੈਣੀ ਭਵਨ ਰੂਪਨਗਰ ਵਲੋਂ ਹਰ ਸਾਲ ਦੀ ਤਰ੍ਹਾਂ ਨਵੇਂ ਸਾਲ ਦਾ ਅਰੰਭ ਸਮਾਜ ਸੇਵਾ ਦੇ ਕਾਰਜ ਖ਼ੂਨਦਾਨ ਕੈਂਪ ਲਗਾ ਕੇ ਕੀਤਾ ਜਾਵੇਗਾ। ਇਸ ਸਬੰਧੀ ਸੈਣੀ ਭਵਨ ਦੀ ਪ੍ਰਬੰਧਕੀ ਕਮੇਟੀ ਵਲੋਂ ਸਾਲ-2025 ਦੇ ਅਰੰਭ ਤੇ 5 ਜਨਵਰੀ-2025 ਦਿਨ ਐਤਵਾਰ ਨੂੰ 23ਵਾਂ ਖ਼ੂਨਦਾਨ ਕੈਂਪ ਲਗਾਇਆ ਜਾਵੇਗਾ। ਕਾਕਾ ਰਾਮ ਸੈਣੀ ਚੈਰੀਟੇਬਲ ਟਰੱਸਟ (ਰਜਿ.) ਦੀ ਪ੍ਰਬੰਧਕੀ ਕਮੇਟੀ ਦੀ ਮੀਟਿੰਗ ਟਰੱਸਟ ਦੇ ਪ੍ਰਧਾਨ ਡਾ. ਅਜਮੇਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਉਨ੍ਹਾਂ ਸੰਸਥਾ ਦੇ ਸਮੂਹ ਮੈਂਬਰਾਂ ਨੂੰ ਖ਼ੂਨਦਾਨ ਕੈਂਪ ਦੀ ਸਫਲਤਾ ਲਈ ਆਪਣਾ ਵੱਧ ਤੋਂ ਵੱਧ ਸਹਿਯੋਗ ਕਰਨ ਲਈ ਕਿਹਾ ਅਤੇ ਖ਼ੂਨਦਾਨੀਆਂ ਨੂੰ ਬੇਨਤੀ ਕੀਤੀ ਕਿ ਉਹ ਨਵੇਂ ਸਾਲ ਦਾ ਅਰੰਭ ਕੈਂਪ ਵਿਚ ਖ਼ੂਨਦਾਨ ਵਰਗਾ ਨੇਕ ਕਾਰਜ ਨਾਲ ਕਰਨ। ਡਾ. ਅਜਮੇਰ ਸਿੰਘ ਨੇ ਦੱਸਿਆ ਕਿ 5 ਜਨਵਰੀ-2025 ਨੂੰ ਹੀ ਸੰਸਥਾ ਵਲੋਂ ਜਾਰੀ ਕੀਤਾ ਜਾਂਦਾ ਤਿਮਾਹੀ ਮੈਗਜ਼ੀਨ ਸੈਣੀ ਸੰਸਾਰ ਦਾ 55ਵਾਂ ਅੰਕ ਵੀ ਜਾਰੀ ਕੀਤਾ ਜਾਵੇਗਾ। ਇਸ ਮੈਗਜ਼ੀਨ ਵਿਚ ਹੋਰ ਸਮਾਜਿਕ ਚੇਤਨਾ ਦੀ ਸਮਗਰੀ ਤੋਂ ਇਲਾਵਾ ਹੁਣੇ ਹੋਈਆ ਪੰਚਾਇਤ ਚੋਣਾਂ ਦੌਰਾਨ ਪ੍ਰਾਪਤ ਜਾਣਕਾਰੀ ਅਨੁਸਾਰ ਪੰਜਾਬ ਅੰਦਰ ਸੈਣੀ ਬਰਾਦਰੀ ਨਾਲ ਸਬੰਧਿਤ ਨਵੇਂ ਬਣੇ ਸਰਪੰਚਾ ਦੇ ਵੇਰਵੇ ਵੀ ਸ਼ਾਮਲ ਕੀਤੇ ਜਾ ਰਹੇ ਹਨ। ਮੀਟਿੰਗ ਦੌਰਾਨ ਸੰਸਥਾ ਦੀ ਟਰੱਸਟੀ

(ਬਾਕੀ ਸਫ਼ਾ 6 'ਤੇ)



ਪੰਜਾਬ ਕਲਾ ਮੰਚ ਵਲੋਂ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਸਜਾਈ ਜਾਣ ਵਾਲੀ ਦਸਮੇਸ਼ ਪੈਦਲ ਯਾਤਰਾ ਦਾ ਬੈਨਰ ਜਾਰੀ ਕੀਤੇ ਜਾਣ ਦੀ ਤਸਵੀਰ। *ਤਸਵੀਰ : ਜਗਮੋਹਣ ਸਿੰਘ ਨਾਰੰਗ*

# ਗੜ੍ਹੀ ਚਮਕੌਰ ਦੇ ਸ਼ਹੀਦਾਂ ਨੂੰ ਸਮਰਪਿਤ 22ਵੀਂ ਦਸਮੇਸ਼ ਪੈਦਲ ਯਾਤਰਾ ਸੰਬੰਧੀ ਬੈਨਰ ਜਾਰੀ

ਸ੍ਰੀ ਚਮਕੌਰ ਸਾਹਿਬ, 8 ਦਸੰਬਰ (ਜਗਮੋਹਣ ਸਿੰਘ ਨਾਰੰਗ)-ਗੜ੍ਹੀ ਚਮਕੌਰ ਦੇ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਵਿਚ ਸ਼ਹੀਦੀ ਸਮਾਗਮ ਦੌਰਾਨ ਪੰਜਾਬ ਕਲਾ ਮੰਚ ਸ੍ਰੀ ਚਮਕੌਰ ਸਾਹਿਬ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸਜਾਈ ਜਾਂਦੀ ਸਾਲਾਨਾ ਦਸਮੇਸ਼ ਪੈਦਲ ਯਾਤਰਾ ਦਾ ਬੈਨਰ ਇਤਿਹਾਸਕ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਦੇ ਮੈਨੇਜਰ ਭਾਈ ਗੁਰਮੁਖ ਸਿੰਘ ਢੋਲੇਵਾਲ ਨੇ ਜੈਕਾਰਿਆਂ ਦੀ ਗੂੰਜ ਵਿਚ ਜਾਰੀ ਕੀਤਾ ਗਿਆ। ਇਸ ਮੌਕੇ ਮੰਚ ਦੇ ਪ੍ਰਧਾਨ ਕੁਲਜਿੰਦਰ ਜੀਤ ਸਿੰਘ ਬੰਬਰ ਨੇ ਦੱਸਿਆ ਕਿ 21 ਦਸੰਬਰ ਦੀ ਰਾਤ ਨੂੰ 12 ਵਜੇ ਇਤਿਹਾਸਕ ਗੁਰਦੁਆਰਾ ਸ੍ਰੀ ਗੜ੍ਹੀ ਸਾਹਿਬ ਤੋਂ ਗੁਰਦੁਆਰਾ ਸ੍ਰੀ ਝਾੜ ਸਾਹਿਬ ਤੱਕ ਕਰੀਬ 22 ਕਿੱਲੋਮੀਟਰ ਲੰਬੀ ਇਹ 22 ਵੀਂ ਦਸਮੇਸ਼ ਪੈਦਲ ਯਾਤਰਾ ਨਿਸ਼ਾਨ ਸਾਹਿਬ ਦੀ ਅਗਵਾਈ ਹੇਠ ਅਰਦਾਸ ਕਰਨ ਉਪਰੰਤ ਰਵਾਨਾ ਹੋਵੇਗੀ। ਸਵੇਰੇ 8 ਵਜੇ ਸ੍ਰੀ ਝਾੜ ਸਾਹਿਬ ਪੁੱਜ ਕੇ ਅਰਦਾਸ ਕਰਨ ਤੋਂ ਬਾਦ ਸੰਪੂਰਨ ਹੋਵੇਗੀ। ਉੱਥੋਂ ਸੰਗਤਾਂ ਦੀ ਵਾਪਸੀ ਲਈ ਪ੍ਰਬੰਧਕਾਂ ਵਲੋਂ ਵਾਹਨਾਂ ਦੇ ਬੰਦੋਬਸਤ ਕੀਤੇ ਗਏ ਹਨ। ਇਸ ਮੌਕੇ ਇਸ ਮੌਕੇ ਡਾਕਟਰ ਰਾਜਪਾਲ ਸਿੰਘ, ਸੇਵਾ ਸਿੰਘ ਭੂਰੜੇ, ਗਿਆਨ ਸਿੰਘ ਸੱਲ੍ਹੋਮਾਜਰਾ, ਹਰਦਿਆਲ ਸਿੰਘ ਸੰਧੂ ਸਲੇਮਪੁਰ, ਮਨਮੋਹਨ ਸਿੰਘ ਕਮਾਲਪੁਰ, ਚਰਨਜੀਤ ਸਿੰਘ ਮੁੰਡੀਆ, ਮਿਸਤਰੀ ਮਨਮੋਹਨ ਸਿੰਘ ਕਾਲਾ, ਪ੍ਰਿੰਸੀਪਲ ਆਦਰਸ਼ ਸ਼ਰਮਾ ਰੂਪਨਗਰ ਪ੍ਰਕਾਸ਼ ਮੈਮੋਰੀਅਲ ਸਕੂਲ, ਭਾਈ ਦੀਪ ਸਿੰਘ ਕਾਰ ਸੇਵਾ ਵਾਲੇ, ਜਤਿੰਦਰ ਸਿੰਘ ਜਲੰਧਰੀ ਅਤੇ ਸੰਗਤਾਂ ਹਾਜ਼ਰ ਸਨ।



ਪਿੰਡ ਕਲਹੇੜੀ ਦੀ ਪੰਚਾਇਤ ਵਲੋਂ ਅਹੁਦਾ ਸੰਭਾਲਣ ਮੌਕੇ ਲਗਾਏ ਬੂਟਿਆਂ ਦੇ ਲੰਗਰ ਦੌਰਾਨ ਰਾਹਗੀਰਾਂ ਨੂੰ ਪੌਦੇ ਵੰਡਦੇ ਹੋਏ।

# ਪਿੰਡ ਕਲਹੇੜੀ ਦੀ ਨਵੀਂ ਬਣੀ ਪੰਚਾਇਤ ਨੇ ਆਪਣੇ ਅਹੁਦੇ ਦਾ ਚਾਰਜ ਸੰਭਾਲਿਆ

ਮੋਰਿੰਡਾ, 8 ਦਸੰਬਰ (ਪ੍ਰਿਤਪਾਲ ਸਿੰਘ)- ਨਜ਼ਦੀਕੀ ਪਿੰਡ ਕਲਹੇੜੀ ਦੀ ਨਵੀਂ ਬਣੀ ਪੰਚਾਇਤ ਵਲੋਂ ਅੱਜ ਆਪਣੇ ਅਹੁਦਿਆਂ ਦਾ ਚਾਰਜ ਸੰਭਾਲਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਮਾਜ ਸੇਵਕ ਕੁਲਵਿੰਦਰ ਸਿੰਘ ਕਲਹੇੜੀ ਨੇ ਦੱਸਿਆ ਕਿ ਨਵੀਂ ਬਣੀ ਸਰਪੰਚ ਗੀਤਾ ਰਾਣੀ ਅਤੇ ਪੰਚਾਇਤ ਮੈਂਬਰਾਂ ਨੇ ਚਾਰਜ ਸੰਭਾਲਣ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਭੋਗ ਪਾ ਕੇ ਗੁਰੂ ਸਾਹਿਬ ਦਾ ਅਸ਼ੀਰਵਾਦ ਲਿਆ। ਇਸ ਮੌਕੇ ਜਿਥੇ ਨਗਰ ਨਿਵਾਸੀਆਂ ਲਈ ਚਾਹ ਪਕੌੜਿਆਂ ਦਾ ਲੰਗਰ ਲਗਾਇਆ ਹੋਇਆ ਸੀ ਉੱਥੇ ਚੁੰਨੀ-ਮੋਰਿੰਡਾ ਸੜਕ 'ਤੇ ਛਾਂ-ਦਾਰ ਅਤੇ ਫਲਦਾਰ ਪੌਦਿਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਕੁਲਵਿੰਦਰ ਸਿੰਘ ਵਲੋਂ ਪਿੰਡ ਵਾਸੀਆਂ ਅਤੇ ਰਾਹਗੀਰਾਂ ਨੂੰ 300 ਤੋਂ ਵੱਧ ਪੌਦੇ ਵੰਡੇ ਗਏ। ਇਸ ਮੌਕੇ ਨਵੀਂ ਬਣੀ ਸਰਪੰਚ ਗੀਤਾ ਰਾਣੀ ਅਤੇ ਉਨ੍ਹਾਂ ਦੇ ਪਤੀ ਕੁਲਵਿੰਦਰ ਸਿੰਘ ਨੇ ਕਿਹਾ ਕਿ ਉਹ ਪਾਰਟੀ ਬਾਜ਼ੀ ਅਤੇ ਨਿਜ ਸਵਾਰਥ ਤੋਂ ਉੱਪਰ ਉੱਠ ਕੇ ਪਿੰਡ ਦਾ ਵਿਕਾਸ ਕਰਵਾਉਣਗੇ। ਉਨ੍ਹਾਂ ਸਮੂਹ ਪਿੰਡ ਵਾਸੀਆਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਪਿੰਡ ਦੇ ਵਿਕਾਸ ਲਈ ਪਿੰਡ ਵਾਸੀਆਂ ਦਾ ਸਹਿਯੋਗ ਅਤਿ ਜ਼ਰੂਰੀ ਹੈ। ਉਨ੍ਹਾਂ ਆਪਣਾ ਵਾਅਦਾ ਦੁਹਰਾਉਂਦਿਆਂ ਆਖਿਆ ਕਿ ਉਹ ਪਿੰਡ ਦੀ ਹਰ ਲੜਕੀ ਦੇ ਵਿਆਹ ਤੇ 11 ਹਜ਼ਾਰ ਰੁਪਏ ਬਤੌਰ ਸ਼ਗਨ ਦੇਣਗੇ ਅਤੇ ਲੋੜਵੰਦ ਪਿੰਡ ਵਾਸੀਆਂ ਦੀ ਹਰ ਤਰ੍ਹਾਂ ਦੀ ਮਦਦ ਲਈ ਪੂਰਨ ਸਹਿਯੋਗ ਕਰਨਗੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਪੰਚਾਇਤ ਮੈਂਬਰ ਸੁਖਦੇਵ ਸਿੰਘ, ਆਸਾ ਰਾਮ, ਰਣਜੀਤ ਸਿੰਘ, ਹਰਅੰਮ੍ਰਿਤ ਕੌਰ, ਰਣਜੀਤ ਕੌਰ ਤੋਂ ਇਲਾਵਾ ਗੁਰਮੀਤ ਸਿੰਘ, ਗੁਰਮੇਲ ਸਿੰਘ ਅਤੇ ਤੀਰਥ ਸਿੰਘ ਆਦਿ ਹਾਜ਼ਰ ਸਨ।



ਸ੍ਰੀ ਅਨੰਦਪੁਰ ਸਾਹਿਬ ਦੇ ਨੇੜਲੇ ਪਿੰਡ ਨਿੱਕੂਵਾਲ ਦੇ ਸਰਕਾਰੀ ਮਿਡਲ ਸਕੂਲ ਦੇ ਵਿਦਿਆਰਥੀਆਂ ਵਲੋਂ ਛੱਤਬੀੜ ਚਿੜੀਆ ਘਰ ਜ਼ੀਰਕਪੁਰ ਦਾ ਵਿੱਦਿਅਕ ਟੂਰ ਲਗਾਇਆ ਗਿਆ। ਇਸ ਮੌਕੇ ਮਨੋਜ ਕੁਮਾਰ, ਸੁਜਾਤਾ ਸ਼ਰਮਾ ਅਤੇ ਰਾਜ ਰਾਣੀ ਆਦਿ ਹਾਜ਼ਰ ਸਨ। *ਤਸਵੀਰ ਤੇ ਵੇਰਵਾ : ਜੇ ਐਸ ਨਿੱਕੂਵਾਲ*

